# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-09-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਲੱਦਾਖ ਦੇ ਸਿਆਚਿਨ ਸਥਿਤ ਬੇਸ ਕੈਂਪ ਦਾ ਦੌਰਾ ਕੀਤਾ ਅਤੇ  ਜਵਾਨਾਂ ਅਤੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ।
- 7ਵੇਂ ਰਾਸ਼ਟਰੀ ਪੋਸ਼ਣ ਮਹੀਨੇ ਤਹਿਤ ਹੁਣ ਤੱਕ, ਦੇਸ਼ ਭਰ ਵਿੱਚ 9 ਕਰੋੜ 20 ਲੱਖ ਤੋਂ ਵੱਧ ਸਮਾਗਮ ਕਰਵਾਏ ਗਏ ਨੇ।
- ਪੰਜਾਬ ਭਰ ਵਿਚ ਸਵੱਛਤਾ ਹੀ ਸੇਵਾ’ ਪੰਦਰਵਾੜੇ ਤਹਿਤ ਵੱਖ ਵੱਖ ਗਤੀਵਿਧੀਆਂ ਜਾਰੀ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫ਼ਦ ਨੇ ਅੱਜ ਮੇਘਾਲਿਆ ਦੇ ਰਾਜਪਾਲ ਨਾਲ ਮੁਲਾਕਾਤ ਕਰਕੇ ਸ਼ਿਲਾਂਗ ਵਿਖੇ, ਗੁਰਦੁਆਰਾ ਗੁਰੂ ਨਾਨਕ ਦਰਬਾਰ ਦਾ ਮਾਮਲਾ ਤੁਰੰਤ ਹੱਲ ਕਰਵਾਉਣ 'ਚ  ਦਖ਼ਲ ਦੀ ਮੰਗ ਕੀਤੀ ਏ।

- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਲੱਦਾਖ ਦੇ ਸਿਆਚਿਨ ਸਥਿਤ ਬੇਸ ਕੈਂਪ ਦਾ ਦੌਰਾ ਕੀਤਾ ਅਤੇ ਸਿਆਚਿਨ ਗਲੇਸ਼ੀਅਰ 'ਤੇ ਤਾਇਨਾਤ ਜਵਾਨਾਂ ਅਤੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ । ਜਵਾਨਾਂ ਨੂੰ ਸੰਬੋਧਿਤ ਕਰਦੇ ਹੋਏ, ਰਾਸ਼ਟਰਪਤੀ ਮੁਰਮੂ ਨੇ ਚੁਣੌਤੀਪੂਰਨ ਅਤੇ ਪ੍ਰਤੀਕੂਲ ਹਾਲਾਤ ਵਿੱਚ ਦੇਸ਼ ਦੀ ਰੱਖਿਆ ਕਰਨ ਵਿੱਚ ਉਨ੍ਹਾਂ ਦੀ ਬਹਾਦਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਉੱਥੇ ਤਾਇਨਾਤ ਜਵਾਨਾਂ ਦੇ ਪਰਿਵਾਰਾਂ ਅਤੇ ਰਿਸ਼ਤੇਦਾਰਾਂ ਦਾ ਵੀ ਧੰਨਵਾਦ ਕੀਤਾ।

**BYTE:**

ਉਨ੍ਹਾਂ ਸਿਆਚਿਨ ਬੇਸ ਜੰਗੀ ਯਾਦਗਾਰ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

---------------------------------------------------------------

7ਵੇਂ ਰਾਸ਼ਟਰੀ ਪੋਸ਼ਣ ਮਹੀਨੇ ਦੇ ਤਹਿਤ ਹੁਣ ਤੱਕ ਦੇਸ਼ ਭਰ ਵਿੱਚ 9 ਕਰੋੜ 20 ਲੱਖ ਤੋਂ ਵੱਧ ਸਮਾਗਮ ਕਰਵਾਏ ਗਏ ਨੇ। ਸਲਾਨਾ, ਪੋਸ਼ਣ ਅਤੇ ਭਲਾਈ ਮੁਹਿੰਮ ਨੇ, ਅਨੀਮੀਆ ਰੋਕਥਾਮ ਦੇ ਤਹਿਤ, ਲਗਭਗ ਇੱਕ ਕਰੋੜ 80 ਲੱਖ ਸਮਾਗਮ , ਵਿਕਾਸ ਦੀ ਨਿਗਰਾਨੀ 'ਤੇ ਕੇਂਦ੍ਰਿਤ ਇੱਕ ਕਰੋੜ 38 ਲੱਖ ਸਮਾਗਮ ਅਤੇ ਪੂਰਕ ਖੁਰਾਕ ਦੇ ਤਹਿਤ ਲਗਭਗ, ਇੱਕ ਕਰੋੜ 45 ਲੱਖ ਸਮਾਗਮ ਦਰਜ ਕੀਤੇ ਨੇ । ਪੋਸ਼ਣ ਵੀ ਪੜ੍ਹਾਈ ਵੀ ਪਹਿਲਕਦਮੀ ਤਹਿਤ , ਤਕਰੀਬਨ ਇੱਕ ਕਰੋੜ 99 ਲੱਖ ਸਮਾਗਮ ਕਰਵਾਏ ਗਏ ਨੇ । ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਨੇ ਕਿਹਾ ਏ, ਕਿ ਇਸ ਸਾਲ ਦੇ ਪੋਸ਼ਣ ਮਹੀਨੇ ਵਿੱਚ ਹੁਣ ਤੱਕ ਮਹਾਰਾਸ਼ਟਰ, ਬਿਹਾਰ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼, ਗੁਜਰਾਤ ਅਤੇ ਆਂਧਰਾ ਪ੍ਰਦੇਸ਼ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਸੂਬੇ ਰਹੇ ਨੇ।

---------------------------------------------------------------

ਸਵੱਛਤਾ ਹੀ ਸੇਵਾ ਮੁਹਿੰਮ ਪੰਜਾਬ ਭਰ ਵਿਚ ਪੂਰੀ ਸਰਗਰਮੀ ਨਾਲ

ਜਾਰੀ ਏ। ਇਸ ਮੌਕੇ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਮੁਹਿੰਮ ਤਹਿਤ ਲੋਕ ਵੱਖ ਵੱਖ ਗਤੀਵਿਧੀਆਂ ਕਰਕੇ ਆਪਣਾ ਬਣਦਾ ਯੋਗਦਾਨ ਪਾ ਰਹੇ ਨੇ। ਮੁਹਿੰਮ ਨੂੰ ਲੈ ਕੇ ਵੱਖ-ਵੱਖ ਜ਼ਿਲ੍ਹਿਆਂ ਤੋਂ ਲੋਕਾਂ ਨੇ ਜਾਣਕਾਰੀ ਦਿਤੀ।

------------------------------------------------------------

ਹੁਸ਼ਿਆਰਪੁਰ ਵਿਖੇ 'ਸਵੱਛਤਾ ਹੀ ਸੇਵਾ' ਪੰਦਰਵਾੜੇ ਤਹਿਤ ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫਲਾਹੀ ਵਿੱਚ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹਾਦਤ 'ਤੇ ਆਧਾਰਿਤ ਨੁੱਕੜ ਨਾਟਕ ਕਰਵਾਇਆ ਗਿਆ। ਪੀ.ਐਮ. ਸਕੂਲ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਦੇ ਵਿਦਿਆਰਥੀਆਂ ਨੇ ਇਸ ਨੁੱਕੜ ਨਾਟਕ ਵਿੱਚ ਪ੍ਰਦਰਸ਼ਨ ਕੀਤਾ। ਇਹ ਨੁੱਕੜ ਨਾਟਕ 'ਸਵੱਛਤਾ ਹੀ ਸੇਵਾ' ਪੰਦਰਵਾੜਾ ਤਹਿਤ ਸਵੱਛਤਾ ਦਾ ਸੰਦੇਸ਼ ਦੇਣ ਲਈ ਕਰਵਾਇਆ ਗਿਆ। 'ਸਵੱਛਤਾ ਹੀ ਸੇਵਾ' ਪੰਦਰਵਾੜੇ ਗਤੀਵਿਧੀਆਂ ਦੇ ਇੰਚਾਰਜ ਸੀਤਾ ਰਾਮ ਬਾਂਸਲ ਨੇ ਦੱਸਿਆ ਕਿ ਨੌਜਵਾਨਾਂ ਦੇ ਦਿਲਾਂ ਵਿੱਚ ਦੇਸ਼

ਭਗਤੀ ਦੀ ਭਾਵਨਾ ਭਰਨ ਲਈ ਸਾਨੂੰ ਦੇਸ਼ ਭਗਤਾਂ ਬਾਰੇ ਗੱਲਾਂ ਕਰਨੀਆਂ ਚਾਹੀਦੀਆਂ ਨੇ।

------------------------------------------------------------------

ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਫਰੀਦਕੋਟ ਜਿਲ੍ਹੇ ਵਿੱਚ ਚੱਲ ਰਹੇ ਬਾਬਾ ਸ਼ੇਖ ਫਰੀਦ ਆਗਮਨ ਪੁਰਬ ਮੌਕੇ ਕੱਢੇ ਗਏ ਵਿਸ਼ਾਲ ਨਗਰ ਕੀਰਤਨ ਉਪਰੰਤ ਸ਼ਹਿਰ ਦੀ ਸਫਾਈ ਕਰਨ ਲਈ ਨਗਰ ਕੌਂਸਲ ਵੱਲੋਂ ਵਿਸ਼ੇਸ਼ ਮੁਹਿੰਮ ਚਲਾ ਕੇ ਸਫਾਈ ਕੀਤੀ ਗਈ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਜਿਲ੍ਹੇ ਵਿੱਚ ਸ਼ਹਿਰ ਵਿੱਚ ਸਫਾਈ ਦੀ ਵਿਸ਼ੇਸ਼ ਮੁਹਿੰਮ ਚਲਾਈ ਗਈ ਏ। ਨਗਰ ਕੌਂਸਲ ਪ੍ਰਧਾਨ ਨਰਿੰਦਰਪਾਲ ਸਿੰਘ ਨੇ ਦੱਸਿਆ ਕਿ, ਕਿਲ੍ਹਾ ਮੁਬਾਰਕ ਤੋਂ ਲੈ ਕੇ ਵੱਖ ਵੱਖ ਚੌਂਕਾਂ ਰਾਹੀਂ ਮਾਈ ਗੋਦੜੀ ਸਾਹਿਬ ਤੱਕ ਸਫਾਈ ਉਪਰੰਤ ਗਿੱਲਾ ਅਤੇ ਸੁੱਕਾ ਕੂੜਾ ਅਲੱਗ ਅਲੱਗ ਇੱਕਠਾ ਕਰਕੇ ਰਿਕਸ਼ੇ ਅਤੇ ਗੱਡੀਆਂ ਵਿੱਚ ਪਾਇਆ ਗਿਆ। ਇਸ ਦੇ ਨਾਲ ਹੀ ਨਗਰ ਕੌਂਸਲ ਟੀਮ ਵੱਲੋਂ ਮੌਕੇ ਤੇ ਮੌਜੂਦ ਲੋਕਾਂ ਨੂੰ ਗਿੱਲਾ ਅਤੇ ਸੁੱਕਾ ਕੂੜਾ

ਅਲੱਗ ਅਲੱਗ ਕਰਨ ਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ।

-----------------------------------------------------

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੁਆਰਾ ਫਰੀਦਕੋਟ ਜਿਲ੍ਹੇ ਵਿੱਚ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਅੱਜ ਜਿਲ੍ਹੇ ਦੇ ਵੱਖ ਵੱਖ ਪਿੰਡਾਂ ਵਿਖੇ ਬਣੇ ਸਾਂਝੇ ਪਖਾਨਿਆਂ ਦੀ ਸਫਾਈ ਕਰਵਾਈ ਗਈ।ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨਰਭਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਲੋਕਾਂ ਵੱਲੋਂ ਇਸ ਮੁਹਿੰਮ ਵਿੱਚ ਹਿੱਸਾ ਲੈਂਦਿਆਂ ਉਤਸ਼ਾਹ ਨਾਲ ਆਲੇ ਦੁਆਲੇ ਦੀ ਸਫਾਈ ਕੀਤੀ ਗਈ।

-----------------------------------------------------

ਪੰਜਾਬ-ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ, ਉਨ੍ਹਾਂ ਨੂੰ 6ਵੇਂ ਤਨਖਾਹ ਕਮਿਸ਼ਨ ਦੇ ਬਕਾਏ ਦਾ ਲਾਭ ਚਾਰ ਮਹੀਨਿਆਂ ਦੇ ਅੰਦਰ-ਅੰਦਰ ਜਾਰੀ ਕਰਨ ਦੇ ਹੁਕਮ ਦਿੱਤੇ ਨੇ। ਹਾਈ ਕੋਰਟ ਨੇ ਸਪੱਸ਼ਟ ਕੀਤਾ ਕਿ ਇਹ ਲਾਭ ਜਾਰੀ ਕਰਦੇ ਹੋਏ ਡੀ. ਏ. 113 ਦੀ ਬਜਾਏ 119 ਫੀਸਦੀ ਦਿੱਤਾ ਜਾਵੇ । ਹਾਈ ਕੋਰਟ

ਨੇ 32 ਪਟੀਸ਼ਨਾਂ ਦਾ ਨਿਪਟਾਰਾ ਕਰਦਿਆਂ ਇਹ ਹੁਕਮ ਜਾਰੀ ਕੀਤੇ ਨੇ । ਹਿੰਦੁਸਥਾਨ ਸਮਾਚਾਰ ਏਜੇਂਸੀ ਤੋਂ ਮਿਲੀ ਜਾਣਕਾਰੀ ਮੁਤਾਬਿਕ ਪਟੀਸ਼ਨ ਦਾਇਰ ਕਰਦੇ ਹੋਏ ਹਾਈਕੋਰਟ ਨੂੰ ਦੱਸਿਆ ਗਿਆ ਕਿ ਜੁਲਾਈ 2021 ਵਿੱਚ ਪੰਜਾਬ ਸਰਕਾਰ ਨੇ 6ਵੇਂ ਤਨਖਾਹ ਕਮਿਸ਼ਨ ਨੂੰ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਇਸ ਕਾਰਨ ਜ਼ਿਆਦਾਤਰ ਮੁਲਾਜ਼ਮਾਂ ਦੀਆਂ ਤਨਖਾਹਾਂ ਘੱਟ ਗਈਆਂ ਸਨ। ਹਾਈਕੋਰਟ ਨੇ ਕਿਹਾ ਕਿ ਡੀ.ਏ ਮਹਿੰਗਾਈ ਦੇ ਆਧਾਰ 'ਤੇ ਦਿੱਤਾ ਜਾਂਦਾ ਏ ਅਤੇ ਸਰਕਾਰ ਕੋਲ ਇਹ ਸਾਬਤ ਕਰਨ ਲਈ ਕੋਈ ਤੱਥ ਨਹੀਂ ਏ ਕਿ 1 ਜਨਵਰੀ 2016 ਨੂੰ ਮਹਿੰਗਾਈ ਅਚਾਨਕ ਘਟੀ ਏ ।

---------------------------------------------------------------

ਸ਼੍ਰੋਮਣੀ ਕਮੇਟੀ ਵਫ਼ਦ ਨੇ ਸਿੱਖ ਮਾਮਲਿਆਂ ਨੂੰ ਲੈ ਕੇ ਮੇਘਾਲਿਆ ਦੇ ਰਾਜਪਾਲ ਨਾਲ ਕੀਤੀ ਮੁਲਾਕਾਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫ਼ਦ ਨੇ ਅੱਜ ਮੇਘਾਲਿਆ ਦੇ ਰਾਜਪਾਲ ਸੀ.ਐਚ. ਵਿਜੈ-ਸ਼ੰਕਰ ਨੂੰ ਮਿਲ ਕੇ ਸ਼ਿਲਾਂਗ ਵਿਖੇ ਪੰਜਾਬੀ ਕਾਲੋਨੀ ਵਿਚ ਸਥਿਤ ਗੁਰਦੁਆਰਾ ਗੁਰੂ ਨਾਨਕ ਦਰਬਾਰ ਦਾ ਮਾਮਲਾ ਤੁਰੰਤ ਹੱਲ ਕਰਵਾਉਣ ਲਈ ਦਖ਼ਲ

ਦੀ ਮੰਗ ਕੀਤੀ ਏ। ਵਫ਼ਦ ਨੇ ਬੀਤੇ ਕੱਲ੍ਹ ਮੇਘਾਲਿਆ ਸਰਕਾਰ ਦੇ ਮੁੱਖ ਸਕੱਤਰ ਨਾਲ ਮੁਲਾਕਾਤ ਕਰਕੇ ਇਸ ਮਾਮਲੇ ਵਿਚ ਮੰਗ ਪੱਤਰ ਸੌਂਪਿਆ ਸੀ। ਵਫ਼ਦ ਦੀ ਅਗਵਾਈ ਕਰ ਰਹੇ ਜਰਨਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਦੱਸਿਆ ਕਿ ਅੱਜ ਸ਼੍ਰੋਮਣੀ ਕਮੇਟੀ ਵਫ਼ਦ ਨੇ ਮੇਘਾਲਿਆ ਦੇ ਰਾਜਪਾਲ ਨੂੰ ਸ਼ਿਲਾਂਗ 'ਚ ਗੁਰੂ ਘਰ ਨੂੰ ਢਾਹੁਣ ਦੀ ਕਾਰਵਾਈ ਤੁਰੰਤ ਰੋਕਣ ਲਈ ਸਰਕਾਰ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਨ ਲਈ ਆਖਿਆ ਏ। ਭਾਈ ਮਹਿਤਾ ਨੇ ਕਿਹਾ ਕਿ ਸ਼ਿਲਾਂਗ ਦੀ ਪੰਜਾਬੀ ਕਾਲੋਨੀ ਵਿਚ ਵੱਸੇ ਸਿੱਖ ਪਰਿਵਾਰਾਂ ਦੇ ਘਰਾਂ ਦਾ ਮਾਮਲਾ ਲੰਮੇ ਸਮੇਂ ਤੋਂ ਚੱਲ ਰਿਹਾ ਏ ਅਤੇ ਹੁਣ ਗੁਰਦੁਆਰਾ ਸਾਹਿਬ ਢਾਹੁਣ ਦੇ ਨਿਰਦੇਸ਼ ਜਾਰੀ ਹੋਣ 'ਤੇ ਸਥਾਨਕ ਸਿੱਖਾਂ ਅੰਦਰ ਵਿਆਪਕ ਰੋਸ ਏ। ਉਨ੍ਹਾਂ ਰਾਜਪਾਲ ਤੋਂ ਮੰਗ ਕੀਤੀ ਕਿ ਮੇਘਾਲਿਆ ਸਰਕਾਰ ਨੂੰ ਹਦਾਇਤ ਜਾਰੀ ਕਰਕੇ ਸਥਾਨਕ ਸਿੱਖਾਂ ਦੇ ਹੱਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।

---------------------------------------------------------------

ਝੋਨੇ ਦੇ ਵਾਢੀ ਸੀਜ਼ਨ 2024 ਦੌਰਾਨ ਫ਼ਸਲ ਦੀ ਰਹਿੰਦ ਖੂੰਹਦ ਨੂੰ ਅੱਗ

ਲਗਾਉਣ ਤੋਂ ਰੋਕਣ ਲਈ ਉਪਰਾਲੇ ਕੀਤੇ ਜਾ ਰਹੇ ਨੇ। ਮੁਹਾਲੀ ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਲਈ ਨੋਡਲ ਅਫ਼ਸਰ ਹਰੇਕ ਪਿੰਡ ਅਤੇ ਕਲੱਸਟਰ ਅਫ਼ਸਰ ਹਰੇਕ 10 ਪਿੰਡਾਂ ਵਿਚ ਲਗਾਇਆ ਗਿਆ ਏ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਂਦਾ ਏ  ਤਾਂ ਸਬੰਧਤ ਸਬ ਡਵੀਜ਼ਨ ਦਾ ਨੋਡਲ ਅਫ਼ਸਰ, ਕਲਸਟਰ ਅਫ਼ਸਰ, ਐਸ.ਐਚ.ਓ ਅਤੇ ਐਸ.ਡੀ.ਐਮਜ਼ ਇਸ ‘ਤੇ ਤੁਰੰਤ ਕਾਬੂ ਪਾਉਣ ਲਈ ਜ਼ਿੰਮੇਵਾਰ ਹੋਣਗੇ। ਉਨ੍ਹਾਂ ਕਿਹਾ ਕਿ ਕਲਸਟਰ ਅਫ਼ਸਰ ਅਤੇ ਨੋਡਲ ਅਫ਼ਸਰ ਆਪਣੇ-ਆਪਣੇ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕਰਨਗੇ ਅਤੇ ਇਹ ਵੀ ਜਾਣਕਾਰੀ ਦੇਣਗੇ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ‘ਤੇ ਕੌਮੀ  ਗਰੀਨ ਟ੍ਰਿਬਿਊਨਲ ਅਤੇ ਸੁਪਰੀਮ ਕੋਰਟ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

-----------------------------------------------------------

ਓਧਰ ਮੋਹਾਲੀ ਵਿਖੇ ਪਰਾਲੀ ਨੂੰ ਅੱਗ ਨਾ ਲਾਉਣ ਵਾਲੇ ਤੇ ਪਰਾਲੀ ਦੀ

ਸਾਂਭ ਸੰਭਾਲ ਕਰਨ ਵਾਲੇ 50 ਕਿਸਾਨਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੇ ਆਕਾਸ਼ਵਾਣੀ ਜਲੰਧਰ ਨਾਲ ਨੇ ਤਜ਼ਰਬੇ ਸਾਂਝੇ ਕੀਤੇ।

**BYTE:**

---------------------------------------------------------------

ਫਤਿਹਗੜ੍ਹ ਸਾਹਿਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕਰਨ ਦੇ ਉਦੇਸ਼ ਨਾਲ ਚੇਤਨਾ ਵੈਨਾ ਨੂੰ, ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਰਵਾਨਾ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦਿਨੋਂ-ਦਿਨ ਵੱਧ ਰਿਹਾ ਪ੍ਰਦੂਸ਼ਣ ਇੱਕ ਗੰਭੀਰ ਸਮੱਸਿਆ ਦਾ ਰੂਪ ਧਾਰਨ ਕਰਦਾ ਜਾ ਰਿਹਾ ਏ ਜਿਸ ਦਾ ਹੱਲ ਸਾਨੂੰ ਸਾਰਿਆਂ ਨੂੰ ਮਿਲ ਕੇ ਕਰਨਾ ਹੋਵੇਗਾ। ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸੰਭਾਲ ਲਈ ਜਾਗਰੂਕ ਕਰਨ ਵਾਸਤੇ ਦੋ ਚੇਤਨਾ ਵੈਨਾ ਰਵਾਨਾਂ ਕੀਤੀਆਂ ਗਈਆਂ ਨੇ ਜਿਨ੍ਹਾਂ ਰਾਹੀਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ

ਜਾਵੇਗੀ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ ਦਾ ਖਾਤਮਾ ਕਰਨ ਦੇ ਮੰਤਵ ਨਾਲ 80 ਫੀਸਦੀ ਤੱਕ ਦੀ ਸਬਸਿਡੀ ਤੇ ਖੇਤੀ ਮਸ਼ੀਨਰੀ ਮੁਹੱਈਆ ਕਰਵਾਈ ਜਾ ਰਹੀ ਏ।

--------------------------------------------------------

ਓਧਰ ਪਠਾਨਕੋਟ ਸਿਵਲ ਹਸਪਤਾਲ ਵਿੱਚ ਏਕ ਪੀੜ ਮਾਂ ਮੁਹਿੰਮ ਤਹਿਤ ਬੂਟੇ ਲਗਾਏ ਗਏ । ਮੁਖ ਨਿਆਂਇਕ ਮੈਜਿਸਟਰੇਟ ਰੁਪਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੀਆਂ ਹਦਾਇਤਾਂ ਅਨੁਸਾਰ 'ਏਕ ਪੀੜ ਮਾਂ ਕਾ ਨਾਮ' ਮੁਹਿੰਮ ਤਹਿਤ ਬੂਟੇ ਲਏ ਜਾ ਰਹੇ ਨੇ। ਉਨ੍ਹਾਂ ਨੇ ਇਸ ਮੌਕੇ ਸਖੀ ਵਨ ਸਟਾਪ ਸੈਂਟਰ ਦਾ ਨਿਰੀਖਣ ਵੀ ਕੀਤਾ ਅਤੇ ਸੈਂਟਰ ਵਿੱਚ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ । ਭਾਰਤੀ ਸੱਭਿਆਚਾਰਕ ਗਿਆਨ ਸੰਸਥਾ ਵੱਲੋਂ ਚੰਡੀਗੜ੍ਹ ਨੂੰ ਹਰਾ ਭਰਾ ਰੱਖਣ ਲਈ 1001 ਬੂਟੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਸੀ, ਜਿਸ ਨੂੰ ਚੰਡੀਗੜ੍ਹ ਪ੍ਰੈੱਸ ਕਲੱਬ ਦੇ ਸਹਿਯੋਗ ਨਾਲ ਹਾਸਲ ਕਰ ਲਿਆ ਗਿਆ। ਸੰਸਥਾ ਦੇ ਪ੍ਰਧਾਨ ਅਨੂਪ ਸਰੀਨ ਦੀ ਅਗਵਾਈ ਹੇਠ ਕਲੱਬ ਵਿੱਚ ਰੁੱਖ

ਲਗਾਉਣ ਦਾ ਪ੍ਰੋਗਰਾਮ ਕਰਵਾਇਆ ਗਿਆ। ਅਨੂਪ ਸਰੀਨ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਕੰਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੀ ਰਹੇਗੀ।

---------------------------------------------------

**<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਲੱਦਾਖ ਦੇ ਸਿਆਚਿਨ ਸਥਿਤ ਬੇਸ ਕੈਂਪ ਦਾ ਦੌਰਾ ਕੀਤਾ ਅਤੇ ਜਵਾਨਾਂ ਅਤੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ।
- 7ਵੇਂ ਰਾਸ਼ਟਰੀ ਪੋਸ਼ਣ ਮਹੀਨੇ ਤਹਿਤ ਹੁਣ ਤੱਕ, ਦੇਸ਼ ਭਰ ਵਿੱਚ 9 ਕਰੋੜ 20 ਲੱਖ ਤੋਂ ਵੱਧ ਸਮਾਗਮ ਕਰਵਾਏ ਗਏ ਨੇ।
- ਪੰਜਾਬ ਭਰ ਵਿਚ ਸਵੱਛਤਾ ਹੀ ਸੇਵਾ' ਪੰਦਰਵਾੜੇ ਤਹਿਤ ਵੱਖ ਵੱਖ ਗਤੀਵਿਧੀਆਂ ਜਾਰੀ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫ਼ਦ ਨੇ ਅੱਜ ਮੇਘਾਲਿਆ ਦੇ ਰਾਜਪਾਲ ਨਾਲ ਮੁਲਾਕਾਤ ਕਰਕੇ ਸ਼ਿਲਾਂਗ

ਵਿਖੇ, ਗੁਰਦੁਆਰਾ ਗੁਰੂ ਨਾਨਕ ਦਰਬਾਰ ਦਾ ਮਾਮਲਾ ਤੁਰੰਤ ਹੱਲ ਕਰਵਾਉਣ 'ਚ ਦਖ਼ਲ ਦੀ ਮੰਗ ਕੀਤੀ ਏ।

- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ।